# ਪੰਜਾਬ ਸਕੂਲ ਸਿੱਖਿਆ ਬੋਰਡ
ਸਾਹਿਬਜ਼ਾਦਾ ਅਜੀਤ ਸਿੰਘ ਨਗਰ-160062

ਨੰ:ਪਸਸਬ-ਕਸ-2022/ 409
ਮਿਤੀ: 19.5.2022

ਵੱਲ

ਕੇਂਦਰ ਸੁਪਰਡੰਟ
ਸ.ਹ.ਸ ਹੈਬੋਵਾਲ ਕਲਾਂ (44631)
ਲੁਧਿਆਣਾ।

ਵਿਸ਼ਾ:- **ਦਸਵੀਂ ਸ਼੍ਰੇਣੀ Term-2 ਅਪ੍ਰੈਲ/ ਮਈ 2022 ਦੀ ਰੱਦ ਹੋਈ ਪਰੀਖਿਆ ਦੇ ਸੰਚਾਲਨ ਸਬੰਧੀ।**

ਪੰਜਾਬ ਸਕੂਲ ਸਿੱਖਿਆ ਬੋਰਡ ਵੱਲੋਂ ਦਸਵੀਂ ਸ਼੍ਰੇਣੀ ਸ.ਸ.ਸ.ਸ ਅਯਾਲੀ ਖੁਰਦ ਪਰੀਖਿਆ ਕੇਂਦਰ ਦੀ ਰੱਦ ਹੋਈ ਪਰੀਖਿਆ ਮਿਤੀ 27-05-2022 ਨੂੰ ਦੁਪਹਿਰ 01:00 ਵਜੇ ਤੋਂ 3.15 ਵਜੇ ਤੱਕ ਸ.ਹ.ਸ ਹੈਬੋਵਾਲ ਕਲਾਂ (44631) ਬੋਰਡ ਵੱਲੋਂ ਪਰੀਖਿਆ ਕੇਂਦਰਾਂ ਸਥਾਪਿਤ ਕਰਕੇ ਕਰਵਾਈ ਜਾ ਰਹੀ ਹੈ। ਦਸਵੀਂ ਸ਼੍ਰੇਣੀ ਦੇ ਗਣਿਤ ਵਿਸ਼ੇ ਦੇ ਪ੍ਰਸ਼ਨ-ਪੱਤਰ ਮਿਤੀ 27-5-2022 ਨੂੰ 11.00 ਵਜੇ ਤੱਕ ਪਰੀਖਿਆ ਕੇਂਦਰ ਤੇ ਪਹੁੰਚਾਏ ਜਾਣਗੇ। ਪੰਜਾਬ ਸਰਕਾਰ ਅਤੇ ਬੋਰਡ, ਪਰੀਖਿਆਵਾਂ ਨਕਲ ਰਹਿਤ ਕਰਵਾਉਣ ਲਈ ਵਚਨ-ਬੱਧ ਹੈ। ਇਸ ਕਾਰਜ ਵਿੱਚ ਆਪ ਦੇ ਸਹਿਯੋਗ ਦੀ ਅਤਿ ਜ਼ਰੂਰਤ ਹੈ।

**ਪਰੀਖਿਆ ਸੁਚੱਜੇ ਢੰਗ ਨਾਲ ਕਰਵਾਉਂਣ ਲਈ ਹੇਠ ਲਿਖੇ ਅਨੁਸਾਰ ਪੁਖਤਾ ਪ੍ਰਬੰਧ ਕਰਵਾਏ ਜਾਣ:-**

1. ਰੋਲ ਨੰ: ਸਲਿਪ ਤੋਂ ਬਿਨ੍ਹਾਂ ਕਿਸੇ ਪਰੀਖਿਆਰਥੀ ਨੂੰ ਪਰੀਖਿਆ ਕੇਂਦਰ ਵਿੱਚ ਦਾਖਲ ਨਾ ਹੋਣ ਦਿੱਤਾ ਜਾਵੇ।
2. ਪੰਜਾਬ ਸਰਕਾਰ ਵੱਲੋਂ COVID-19 ਸਬੰਧੀ ਸਮੇਂ ਸਮੇਂ ਤੇ ਜਾਰੀ ਕੀਤੀਆਂ ਹਦਾਇਤਾਂ ਦੀ ਇੰਨ-ਬਿੰਨ ਪਾਲਣਾ ਕਰਨੀ ਯਕੀਨੀ ਬਣਾਈ ਜਾਵੇ।
3. ਸਫਾਈ/ ਸੈਨੇਟਾਈਜੇਸ਼ਨ ਲਈ ਕੇਂਦਰ ਕੰਟਰੋਲਰ ਨਾਲ ਸੰਪਰਕ ਰੱਖਿਆ ਜਾਵੇ।
4. ਅਜਿਹੇ ਪ੍ਰਬੰਧ ਕੀਤੇ ਜਾਣ ਕਿ ਪਾਣੀ ਪੀਣ /ਹੱਥ ਧੋਣ ਜਾਂ ਬਾਥ ਰੂਮਾਂ ਵਿੱਚ ਇੱਕ ਤੋਂ ਵੱਧ ਪਰੀਖਿਆਰਥੀ ਨਾ ਜਾਵੇ।
5. ਪਰੀਖਿਆਰਥੀਆਂ ਨੂੰ ਆਪਣੀ ਕੋਈ ਵੀ ਚੀਜ/ ਵਸਤੂ ਇੱਕ ਦੂਸਰੇ ਨਾਲ ਸ਼ੇਅਰ ਨਾ ਕਰਨ ਲਈ ਪ੍ਰੇਰਿਤ ਕੀਤਾ ਜਾਵੇ।
6. ਪਰੀਖਿਆਰਥੀਆਂ ਲਈ ਪਰੀਖਿਆ ਕੇਂਦਰ ਵਿੱਚ ਇੱਕ ਘੰਟਾ ਪਹਿਲਾਂ ਪਹੁੰਚਣਾ ਲਾਜਮੀ ਕੀਤਾ ਗਿਆ ਹੈ।
7. ਸਕੂਲ ਲਾਗਇੰਨ ਤੇ ਪਰੀਖਿਆਰਥੀਆਂ ਸਬੰਧੀ ਡਾਟਾ ਉਪਲੱਬਧ ਕਰਵਾਇਆ ਗਿਆ ਹੈ। ਕੇਂਦਰ ਕੰਟਰੋਲਰ ਤੋਂ ਡਾਟਾ, ਪੱਤਰ, ਹਸਤਾਖਰ ਚਾਰਟ, ਹਦਾਇਤਾਂ ਆਦਿ ਪ੍ਰਾਪਤ ਕੀਤੀਆਂ ਜਾਣ।
8. ਪਰੀਖਿਆ ਤੋਂ ਇੱਕ ਦਿਨ ਪਹਿਲਾਂ ਸਾਰੇ ਪ੍ਰਬੰਧ ਮੁਕੰਮਲ ਕਰਵਾਏ ਜਾਣ। ਕਿਸੇ ਵੀ ਤਰ੍ਹਾਂ ਦੀ ਕੁਤਾਹੀ ਨੂੰ ਗੰਭੀਰਤਾ ਨਾਲ ਲਿਆ ਜਾਵੇਗਾ।
9. ਪ੍ਰਸ਼ਨ ਪੱਤਰਾਂ ਦੇ ਸੀਲ ਬੰਦ ਪੈਕਟ ਖੋਲਣ ਸਮੇਂ ਪ੍ਰਸ਼ਨ ਪੱਤਰ ਪੈਕਟ ਉੱਪਰ ਸਮਾਂ ਦਰਜ ਕਰਦੇ ਹੋਏ ਆਪਣੇ ਹਸਤਾਖਰਾਂ ਦੇ ਨਾਲ ਡਿਪਟੀ ਸੁਪਰਡੰਟ ਅਤੇ ਦੋ ਨਿਗਰਾਂਨਾ ਦੇ ਹਸਤਾਖਰ ਕਰਵਾਉਂਣਾ ਯਕੀਨੀ ਬਣਾਇਆ ਜਾਵੇ।
10. ਪਰੀਖਿਆ ਦੌਰਾਨ ਉਸ ਦਿਨ ਦੇ ਵਿਸ਼ੇ ਨਾਲ ਸਬੰਧਿਤ ਅਧਿਆਪਕ ਦੀ ਡਿਊਟੀ ਪਰੀਖਿਆ ਕੇਂਦਰ ਵਿੱਚ ਨਹੀਂ ਹੋਣੀ ਚਾਹੀਦੀ। ਡਿਪਟੀ ਸੁਪਰਡੰਟ, ਨਿਗਰਾਨ ਅਮਲੇ ਦੀ ਡਿਊਟੀ ਜਿਲ੍ਹਾ ਸਿੱਖਿਆ ਅਫਸਰ (ਸੈ.ਸਿ) ਵੱਲੋਂ ਲਗਾਈ ਜਾਣੀ ਹੈ। ਕੇਂਦਰ ਕੰਟਰੋਲਰ ਅਤੇ ਡਿਪਟੀ ਕੰਟਰੋਲਰ (ਵਿਜੀਲੈਂਸ) ਕੇਵਲ ਬਾਹਰੀ ਦਖਲ ਅੰਦਾਜੀ ਰੋਕਣ ਤੱਕ ਹੀ ਸੀਮਿਤ ਹੈ, ਇਹਨਾਂ ਨੂੰ ਪਰੀਖਿਆ ਕੇਂਦਰ ਵਿੱਚ ਦਾਖਲ ਹੋਣ ਦੀ ਆਗਿਆ ਨਹੀਂ ਹੈ। ਪਰੀਖਿਆ ਕੇਂਦਰ ਗਰਾਊਂਡ ਫਲੋਰ ਤੇ ਬਣਾਉਣ ਨੂੰ ਪਹਿਲ ਦਿੱਤੀ ਜਾਵੇ।
11. ਪਰੀਖਿਆ ਕੇਂਦਰ ਦੇ ਆਲੇ-ਦੁਆਲੇ ਦਫਾ-144 ਲਗਵਾਉਣ ਲਈ ਲੋਕਲ ਪ੍ਰਸ਼ਾਸਨ ਦੀ ਮਦਦ ਲਈ ਜਾਵੇ। ਡਿਊਟੀ ਤੇ ਤਾਇਨਾਤ ਕਿਸੇ ਵੀ ਪੁਲਿਸ ਕਰਮਚਾਰੀ ਨੂੰ ਪਰੀਖਿਆ ਕੇਂਦਰ ਵਿੱਚ ਦਾਖਲ ਹੋਣ ਦੀ ਆਗਿਆ ਨਹੀਂ ਹੈ।
12. ਪਰੀਖਿਆ ਕੇਂਦਰ ਖੁੱਲ੍ਹਣ ਵਾਲੇ ਦਿਨ ਡਿਊਟੀ ਤੇ ਤਾਇਨਾਤ ਹਰ ਇੱਕ ਅਧਿਆਪਕ ਤੋਂ ਉਹਨਾਂ ਦੇ ਸ਼ਨਾਖਤੀ ਕਾਰਡ ਦੀ ਫੋਟੋ ਕਾਪੀ/ਸੰਸਥਾ ਮੁੱਖੀ ਵੱਲੋਂ ਜਾਰੀ ਕੀਤੀ ਗਈ ਫਾਰਗੀ ਸਲਿੱਪ ਲੈਕੇ ਪਰੀਖਿਆ ਸਮੇਂ ਦੌਰਾਨ ਆਪਣੇ ਕੋਲ ਰੱਖੀਆਂ ਜਾਣ ਅਤੇ ਪਰੀਖਿਆ ਸਮਾਪਤੀ ਉਪਰੰਤ ਲਾਸਟ ਪੈਕਟ ਵਿੱਚ ਪਾ ਕੇ ਮੁੱਖ ਦਫਤਰ ਨੂੰ ਭੇਜੀਆਂ ਜਾਣ। ਕਿਉਂਕਿ ਆਰ.ਟੀ.ਆਈ ਅਧੀਨ ਇਹਨਾਂ ਦਸਤਾਵੇਜਾਂ ਦੀ ਕਦੇ ਵੀ ਲੋੜ ਪੈ ਸਕਦੀ ਹੈ।
13. ਪਰੀਖਿਆ ਦੌਰਾਨ ਵਿਦਿਆਰਥੀਆਂ ਨੂੰ ਪਾਣੀ ਪਿਲਾਉਣ ਲਈ ਪਰੀਖਿਆ ਸ਼ੁਰੂ ਹੋਣ ਤੋਂ ਪਹਿਲਾਂ ਹੀ ਹਾਲ/ਕਮਰਿਆਂ ਵਿੱਚ ਪ੍ਰਬੰਧ ਕਰ ਲਿਆ ਜਾਵੇ ਤਾਂ ਜੋ ਵਾਟਰਮੈਨ ਦੇ ਵਾਰ-ਵਾਰ ਪਰੀਖਿਆ ਕੇਂਦਰ ਤੋਂ ਅੰਦਰ/ਬਾਹਰ ਜਾਣ ਤੇ ਕੰਟਰੋਲ ਕੀਤਾ ਜਾ ਸਕੇ। ਪਰੀਖਿਆ ਕੇਂਦਰ ਦੇ ਮੇਨਗੇਟ ਉੱਤੇ ਹਰ ਸਮੇਂ ਦਰਜਾ ਚਾਰ ਕਰਮਚਾਰੀ ਤਾਇਨਾਤ ਕੀਤਾ ਜਾਵੇ। ਕਿਸੇ ਵੀ ਹਾਲਤ ਵਿੱਚ ਗੇਟ ਨੂੰ ਤਾਲਾ ਨਾ ਲਗਾਇਆ ਜਾਵੇ ਤਾਂ ਜੋ ਉੱਡਣ-ਦਸਤਾ ਮੁੱਖੀਆਂ ਨੂੰ ਪ੍ਰੀਖਿਆ ਕੇਂਦਰ ਤੱਕ ਪਹੁੰਚਣ ਵਿੱਚ ਕੋਈ ਦਿੱਕਤ ਪੇਸ਼ ਨਾ ਆਵੇ। ਜੇਕਰ ਕਿਸੇ ਪਰੀਖਿਆ ਕੇਂਦਰ ਵਿੱਚ ਨਕਲ ਦਾ ਰੁਝਾਨ ਪਾਇਆ ਜਾਂਦਾ ਹੈ, ਇਸ ਦੀ ਪੁਸ਼ਟੀ ਉਡਣ ਦਸਤਾ ਮੁੱਖੀ ਵੱਲੋਂ ਕੀਤੀ ਜਾਂਦੀ ਹੈ ਤਾਂ ਸਬੰਧਤ ਦੋਸ਼ੀ ਅਮਲੇ ਵਿਰੁੱਧ ਬਣਦੀ ਅਨੁਸ਼ਾਸਨੀ ਕਾਰਵਾਈ ਕਰਨ ਲਈ ਸਿੱਖਿਆ ਵਿਭਾਗ, ਪੰਜਾਬ ਸਰਕਾਰ ਨੂੰ ਲਿਖ ਦਿੱਤਾ ਜਾਵੇਗਾ। ਪਰੀਖਿਆ ਕੇਂਦਰ ਵਿੱਚ ਡਿਊਟੀ ਦੌਰਾਨ ਸਮੂਹ ਨਿਗਰਾਨ ਅਮਲਾ ਅਤੇ ਕੋਈ ਵੀ ਪਰੀਖਿਆਰਥੀ ਮੋਬਾਇਲ ਫੋਨ ਦੀ ਵਰਤੋਂ ਨਹੀਂ ਕਰੇਗਾ।
14. **ਸੁਪਰਡੰਟ ਨੂੰ ਮਿਹਨਤਾਨੇ ਦੀ ਅਦਾਇਗੀ ਕੀਤੀ ਜਾਵੇਗੀ। ਬਿੱਲ ਹਰ ਪੱਖੋਂ ਮੁਕੰਮਲ ਕਰਕੇ ਬੈਂਕ ਦੇ ਵੇਰਵੇ ਸਮੇਤ ਮੈਨੇਜਰ ਖੇਤਰੀ ਦਫਤਰ ਰਾਹੀਂ ਭੇਜੇ ਜਾਣ। ਡਿਪਟੀ ਸੁਪਰਡੰਟ ਅਤੇ ਨਿਗਰਾਨ ਅਮਲਾ ਜਿਲ੍ਹਾ ਸਿੱਖਿਆ ਅਫਸਰ (ਸੈਕੰ) ਵੱਲੋਂ ਤਾਇਨਾਤ ਕੀਤਾ ਜਾਣਾ ਹੈ। ਇਸ ਨੂੰ ਕੋਈ ਅਦਾਇਗੀ ਨਹੀਂ ਕੀਤੀ ਜਾਵੇਗੀ। ਡਿਪਟੀ ਕੰਟਰੋਲਰ (ਵਿਜੀਲੈਂਸ) ਨੂੰ ਆਪਣੀ ਵੱਖਰੀ ਪਹਿਚਾਣ ਵਾਸਤੇ ਨੇਮ ਪਲੇਟ/ਆਈ ਕਾਰਡ ਲਗਾਉਣਾ ਜਰੂਰੀ ਹੈ।**

15. ਕੇਂਦਰ ਕੰਟਰੋਲਰ ਤੋਂ ਪ੍ਰਸ਼ਨ ਪੱਤਰਾਂ ਦੇ ਪੈਕਟ ਸੀਲਾਂ ਚੈੱਕ ਕਰਕੇ ਪ੍ਰਾਪਤ ਕੀਤੇ ਜਾਣ। ਜੇਕਰ ਕਿਸੇ ਪੈਕਟ ਦੀ ਸੀਲ ਟੁੱਟੀ ਹੋਈ ਹੈ ਤਾਂ ਤੁਰੰਤ ਬੋਰਡ ਦਫ਼ਤਰ ਦੇ ਧਿਆਨ ਵਿੱਚ ਲਿਆਂਦਾ ਜਾਵੇ।

16. ਜੇਕਰ ਕਿਸੇ ਨਿਗਰਾਨ ਅਮਲੇ ਵੱਲੋਂ ਤੁਹਾਡੇ ਧਿਆਨ ਵਿੱਚ ਲਿਆਂਦਾ ਜਾਂਦਾ ਹੈ ਕਿ ਉਸ ਦਾ ਪੜ੍ਹਾਇਆ/ ਨਜ਼ਦੀਕੀ ਰਿਸ਼ਤੇਦਾਰ ਡਿਊਟੀ ਵਾਲੇ ਕੇਂਦਰ ਵਿੱਚ ਪਰੀਖਿਆ ਦੇ ਰਿਹਾ ਹੈ ਤਾਂ ਉਸ ਨੂੰ ਤੁਰੰਤ ਜ਼ਿਲ੍ਹਾ ਸਿੱਖਿਆ ਅਫਸਰ (ਸੈ.ਸਿ) ਨਾਲ ਸੰਪਰਕ ਕਰਨ ਲਈ ਕਿਹਾ ਜਾਵੇ।

17. ਹੱਲ ਹੋਈਆਂ ਉੱਤਰ-ਪੱਤਰੀਆਂ (ਬਿਨ੍ਹਾਂ ਫੋਲਡ ਕੀਤੇ) ਦਾ ਸੀਲਬੰਦ ਪੈਕਟ ਲਾਸਟ ਪੈਕਟ ਅਤੇ ਹਸਤਾਖਰ ਚਾਰਟ ਦਾ ਵੱਖਰਾ ਪੈਕਟ ਮੁੱਖ ਦਫਤਰ ਤੋਂ ਗਈ ਟੀਮ ਨੂੰ ਪ੍ਰਾਪਤ ਕਰਵਾਇਆ ਜਾਵੇ।

18. ਪਰੀਖਿਆ ਦੌਰਾਨ ਕਿਸੇ ਵੀ ਪਰੀਖਿਆਰਥੀ ਦੇ ਬੂਟ ਅਤੇ ਜੁਰਾਬਾਂ ਨਾ ਖੁੱਲ੍ਹਵਾਏ ਜਾਣ।

19. ਵਿਲੱਖਣ ਸਮਰੱਥਾ Hearing Impaired(HI), Intellectual Disability (ID), Visually Impared(VI), Autism Spectrum Disorder (ASD), Cerebral Palsy, Chronic Neurological conditions, Specific Learning Disability, Multiple Disabilities including Deaf blindness, Parkinson's Disease and Mental Illness ਪਰੀਖਿਆਰਥੀਆਂ ਨੂੰ ਵੱਖਰਾ ਪ੍ਰਸ਼ਨ-ਪੱਤਰ (DA ਕੋਡ) ਦਿੱਤਾ ਜਾਵੇਗਾ। ਵਿਲੱਖਣ ਸਮਰੱਥਾ ਵਾਲੇ ਸਾਰੇ ਪਰੀਖਿਆਰਥੀਆਂ ਨੂੰ ਪੇਪਰ ਹੱਲ ਕਰਨ ਲਈ ਹਰੇਕ ਇੱਕ ਘੰਟੇ ਪਿੱਛੇ 20 ਮਿੰਟ ਦਾ ਵਾਧੂ ਸਮਾਂ ਦਿੱਤਾ ਜਾਣਾ ਹੈ ਅਤੇ ਲੋੜ ਅਨੁਸਾਰ ਅਜਿਹੇ ਪਰੀਖਿਆਰਥੀਆਂ ਨੂੰ ਲਿਖਾਰੀ (scribe) ਦੀ ਪ੍ਰਵਾਨਗੀ ਆਪ ਵੱਲੋਂ ਦਿੱਤੀ ਜਾਵੇਗੀ। ਜੇਕਰ ਕੋਈ ਅਜਿਹਾ ਪਰੀਖਿਆਰਥੀ ਆਪ ਦੇ ਪਰੀਖਿਆ ਕੇਂਦਰ ਵਿਖੇ ਪਰੀਖਿਆ ਦੇ ਰਿਹਾ ਹੈ ਤਾਂ ਉਸਦੇ ਸਕੂਲ ਟੀਚਰ ਦੀ ਡਿਊਟੀ ਪਰੀਖਿਆ ਕੇਂਦਰ ਵਿੱਚ ਲਗਾਈ ਜਾਵੇ। ਅਜਿਹੇ ਪਰੀਖਿਆਰਥੀਆਂ ਦੀਆਂ ਉੱਤਰ-ਪੱਤਰੀਆਂ ਦੇ ਪੈਕਟ ਵੱਖਰੇ ਤੌਰ ਤੇ ਸੀਲਬੰਦ ਕਰਕੇ ਭੇਜੇ ਜਾਣ।

20. ਪ੍ਰੀਖਿਆ ਕੇਂਦਰਾਂ ਲਈ ਸਿੰਗਲ ਬੈਂਚ/ਸਿੰਗਲ ਪ੍ਰੀਖਿਆਰਥੀ ਦੀ ਸ਼ਰਤ ਰੱਖੀ ਗਈ ਸੀ। ਉਸੇ ਅਧਾਰ ਤੇ ਸਿੰਗਲ ਬੈਂਚ ਤੇ ਸਿੰਗਲ ਪ੍ਰੀਖਿਆਰਥੀ ਬਿਠਾਇਆ ਜਾਵੇ।

21. ਲੋੜੀਂਦੇ ਡੈਸਕ/ ਬੈਂਚਾਂ ਲਈ ਕੇਂਦਰ ਕੰਟਰੋਲਰ ਨਾਲ ਸੰਪਰਕ ਕੀਤਾ ਜਾਵੇ। ਕੋਈ ਵੀ ਪਰੀਖਿਆਰਥੀ ਫਰਸ਼ ਤੇ ਬੈਠਕੇ ਪਰੀਖਿਆ ਨਹੀਂ ਦੇਵੇਗਾ।

22. ਜੇਕਰ ਆਪ ਦੇ ਪਰੀਖਿਆ ਕੇਂਦਰ ਵਿਖੇ ਕੋਈ ਵਿਲੱਖਣ ਸਮਰੱਥਾ ਵਾਲਾ ਪਰੀਖਿਆਰਥੀ ਪੇਪਰ ਦੇ ਰਿਹਾ ਹੈ ਤਾਂ ਉਸ ਦੀ ਪਰੀਖਿਆ ਗਰਾਊਂਡ ਫਲੋਰ ਤੇ ਹੀ ਲਈ ਜਾਵੇ ਅਤੇ ਉਸ ਲਈ ਵਾਧੂ ਨਿਗਰਾਨ ਉਪਲੱਬਧ ਕਰਵਾਇਆ ਜਾਵੇ।

23. ਕੇਂਦਰ ਕੰਟਰੋਲਰ, ਕੇਂਦਰ ਸੁਪਰਡੰਟ ਲਈ ਹਦਾਇਤਾਂ ਅਤੇ ਪਰੀਖਿਆ ਨਾਲ ਸਬੰਧਤ ਪ੍ਰਫਾਰਮੇ ਸਕੂਲ Login ID ਤੇ ਅਪ-ਲੋਡ ਕਰਵਾਏ ਗਏ ਹਨ। ਇਨ੍ਹਾਂ ਨੂੰ ਕੇਂਦਰ ਕੰਟਰੋਲਰ ਪਾਸੋ ਪ੍ਰਾਪਤ ਕਰ ਲਿਆ ਜਾਵੇ।

ਸਹਾਇਕ ਸਕੱਤਰ (ਕ.ਸ)
ਪੰਜਾਬ ਸਕੂਲ ਸਿੱਖਿਆ ਅਫਸਰ

**ਪੰਜਾਬ ਸਕੂਲ ਸਿੱਖਿਆ ਬੋਰਡ**
**ਸਾਹਿਬਜ਼ਾਦਾ ਅਜੀਤ ਸਿੰਘ ਨਗਰ-160062**

ਨੰ:ਪਸਸਬ-ਕਸ-2022/ 411
ਮਿਤੀ: 19-05-2022

ਵੱਲ

ਪ੍ਰਿੰਸੀਪਲਜ਼ ਕਮ ਕੇਂਦਰ ਕੰਟਰੋਲਰਜ਼
ਸ.ਹ.ਸ ਹੈਬੋਵਾਲ ਕਲਾਂ (44631)
ਲੁਧਿਆਣਾ।

ਵਿਸ਼ਾ:- **ਦਸਵੀਂ ਸ਼੍ਰੇਣੀ Term-2 ਅਪ੍ਰੈਲ/ ਮਈ 2022 ਦੀ ਰੱਦ ਹੋਈ ਪਰੀਖਿਆ ਦੇ ਸੰਚਾਲਨ ਸਬੰਧੀ।**

ਪੰਜਾਬ ਸਕੂਲ ਸਿੱਖਿਆ ਬੋਰਡ ਵੱਲੋਂ ਦਸਵੀਂ ਸ਼੍ਰੇਣੀ ਸ.ਸ.ਸ.ਸ ਅਯਾਲੀ ਖੁਰਦ ਪਰੀਖਿਆ ਕੇਂਦਰ ਦੀ ਰੱਦ ਹੋਈ ਪਰੀਖਿਆ ਮਿਤੀ 27-05-2022 ਨੂੰ ਦੁਪਹਿਰ 01:00 ਵਜੇ ਤੋਂ 3.15 ਵਜੇ ਤੱਕ ਸ.ਹ.ਸ ਹੈਬੋਵਾਲ ਕਲਾਂ (44631) ਬੋਰਡ ਵੱਲੋਂ ਪਰੀਖਿਆ ਕੇਂਦਰਾਂ ਸਥਾਪਿਤ ਕਰਕੇ ਕਰਵਾਈ ਜਾ ਰਹੀ ਹੈ। ਦਸਵੀਂ ਸ਼੍ਰੇਣੀ ਦੇ ਗਣਿਤ ਵਿਸ਼ੇ ਦੇ ਪ੍ਰਸ਼ਨ-ਪੱਤਰ ਮਿਤੀ 27-5-2022 ਨੂੰ 11.00 ਵਜੇ ਤੱਕ ਪਰੀਖਿਆ ਕੇਂਦਰ ਤੇ ਪਹੁੰਚਾਏ ਜਾਣਗੇ। ਪੰਜਾਬ ਸਰਕਾਰ ਅਤੇ ਬੋਰਡ, ਪਰੀਖਿਆਵਾਂ ਨਕਲ ਰਹਿਤ ਕਰਵਾਉਣ ਲਈ ਵਚਨ-ਬੱਧ ਹੈ। ਇਸ ਕਾਰਜ ਵਿੱਚ ਆਪ ਦੇ ਸਹਿਯੋਗ ਦੀ ਅਤਿ ਜ਼ਰੂਰਤ ਹੈ।

ਪਰੀਖਿਆ ਸੁਚੱਜੇ ਢੰਗ ਨਾਲ ਕਰਵਾਉਂਣ ਲਈ ਹੇਠ ਲਿਖੇ ਅਨੁਸਾਰ ਪੁਖਤਾ ਪ੍ਰਬੰਧ ਕਰਵਾਏ ਜਾਣ:-

1. ਪਰੀਖਿਆ ਕੇਂਦਰਾਂ ਦੀ ਸਾਫ ਸਫਾਈ ਅਤੇ ਸੈਨੇਟਾਈਜ਼ੇਸ਼ਨ **1% ਸੋਡੀਅਮ ਹਾਈਪੋਕਲੋਰਾਈਟ** ਨਾਲ ਕਰਵਾਈ ਜਾਵੇ।
2. **70% ਆਈਸੋਪ੍ਰੋਪਾਈਲ ਅਲਕੋਹਲ** ਯੁਕਤ ਹੈਂਡ ਸੈਨੇਟਾਈਜ਼ਰ, ਸਾਬਣ ਅਦਿ ਦਾ ਪ੍ਰਬੰਧ ਕੀਤਾ ਜਾਵੇ।
3. ਇਸ ਕਾਰਜ ਲਈ ਆਪ ਨੂੰ ਅਦਾਇਗੀ ਜਿਲ੍ਹਾ ਮੈਨੇਜਰ ਖੇਤਰੀ ਦਫਤਰ ਰਾਹੀਂ ਕੀਤੀ ਜਾਵੇਗੀ।
4. ਰੂਮ ਦੀ ਸਮਰੱਥਾ ਅਨੁਸਾਰ ਹੀ ਸਮਾਜਿਕ ਦੂਰੀ ਦਾ ਧਿਆਨ ਰੱਖਦੇ ਹੋਏ ਸੀਟਿੰਗ ਪਲਾਨ ਕੀਤਾ ਜਾਵੇ।
5. ਐਂਟਰੀ ਗੇਟ ਤੇ ਹੀ ਪਰੀਖਿਆਰਥੀ ਦੀ ਸਿਹਤ ਬਾਰੇ ਜਾਣਕਾਰੀ ਲਈ ਜਾਵੇ ਅਤੇ ਥਰਮਲ ਸਕੈਨਰ ਨਾਲ ਬੁਖਾਰ ਚੈੱਕ ਕੀਤਾ ਜਾਵੇ।
6. ਅਜਿਹੇ ਪ੍ਰਬੰਧ ਕੀਤੇ ਜਾਣ ਕਿ ਪਾਣੀ ਪੀਣ /ਹੱਥ ਧੋਣ ਜਾਂ ਬਾਥ ਰੂਮਾਂ ਵਿੱਚ ਇੱਕ ਤੋਂ ਵੱਧ ਪਰੀਖਿਆਰਥੀ ਨਾ ਜਾਵੇ।
7. Transparent Bottle ਵਿੱਚ ਪਰੀਖਿਆਰਥੀ ਨੂੰ ਪਾਣੀ ਲਿਆਉਂਣ ਦੀ ਆਗਿਆ ਦਿੱਤੀ ਜਾਵੇ।
8. ਪਰੀਖਿਆਰਥੀਆਂ ਨੂੰ ਆਪਣੀ ਕੋਈ ਵੀ ਚੀਜ/ ਵਸਤੂ ਇੱਕ ਦੂਸਰੇ ਨਾਲ ਸ਼ੇਅਰ ਨਾ ਕਰਨ ਲਈ ਪ੍ਰੇਰਿਤ ਕੀਤਾ ਜਾਵੇ।
9. ਹੈਂਡ ਸੈਨੇਟਾਈਜ਼ਰ ਦਾ ਪ੍ਰਬੰਧ ਪਰੀਖਿਆ ਕੇਂਦਰ ਦੇ ਮੇਨ ਗੇਟ ਤੇ ਕੀਤਾ ਜਾਵੇ।
10. ਸਰਕਾਰ ਵੱਲੋਂ (COVID-19) ਸਬੰਧੀ ਸਮੇਂ ਸਮੇਂ ਤੇ ਜਾਰੀ ਕੀਤੀਆਂ ਹਦਾਇਤਾਂ ਦੀ ਇੰਨ-ਬਿੰਨ ਪਾਲਣਾ ਕੀਤੀ/ ਕਰਵਾਈ ਜਾਵੇ।
11. ਬਾਥਰੂਮਾਂ ਦੀ ਸਫਾਈ ਦਾ ਪੂਰਾ ਧਿਆਨ ਰੱਖਿਆ ਜਾਵੇ ਅਤੇ ਬਾਥਰੂਮਾਂ ਵਿੱਚ ਪਾਣੀ, ਸਾਬਣ ਦਾ ਪ੍ਰਬੰਧ ਕੀਤਾ ਜਾਵੇ।
12. ਨਕਲ ਬਿਲਕੁੱਲ ਨਹੀਂ ਹੋਣੀ ਚਾਹੀਦੀ। ਜੇਕਰ ਅਜਿਹੀ ਰਿਪੋਰਟ ਪ੍ਰਾਪਤ ਹੁੰਦੀ ਹੈ ਤਾਂ ਨਿਯਮਾਂ ਅਨੁਸਾਰ ਸਖਤ ਕਾਰਵਾਈ ਕੀਤੀ ਜਾਵੇਗੀ।
13. ਨਿਗਰਾਨ ਅਮਲੇ ਦੀ ਘਾਟ ਸਬੰਧੀ ਜਿਲ੍ਹਾ ਸਿੱਖਿਆ ਅਫਸਰ ਨਾਲ ਸੰਪਰਕ ਕੀਤਾ ਜਾਵੇ।
14. ਪਰੀਖਿਆਰਥੀਆਂ ਲਈ ਪਰੀਖਿਆ ਕੇਂਦਰ ਵਿੱਚ ਇੱਕ ਘੰਟਾ ਪਹਿਲਾਂ ਪਹੁੰਚਣਾ ਲਾਜਮੀ ਕੀਤਾ ਗਿਆ ਹੈ।
15. ਸਕੂਲ ਲਾਗਇੰਨ ਤੇ ਪਰੀਖਿਆਰਥੀਆਂ ਸਬੰਧੀ ਡਾਟਾ ਉਪਲੱਬਧ ਕਰਵਾਇਆ ਗਿਆ ਹੈ। ਕੇਂਦਰ ਸੁਪਰਡੈਂਟ ਨੂੰ ਡਾਟਾ, ਪੱਤਰ , ਹਦਾਇਤਾਂ, ਹਸਤਾਖਰ ਚਾਰਟ, ਕੱਟ ਲਿਸਟ ਆਦਿ ਡਾਊਨਲੋਡ ਕਰਕੇ ਉਪਲੱਬਧ ਕਰਵਾਈਆਂ ਜਾਣ।
17. ਪਰੀਖਿਆ ਤੋਂ ਇੱਕ ਦਿਨ ਪਹਿਲਾਂ ਸਾਰੇ ਪ੍ਰਬੰਧ ਮੁਕੰਮਲ ਕਰਵਾਏ ਜਾਣ। ਕਿਸੇ ਵੀ ਤਰ੍ਹਾਂ ਦੀ ਕੁਤਾਹੀ ਨੂੰ ਗੰਭੀਰਤਾ ਨਾਲ ਲਿਆ ਜਾਵੇਗਾ।
18. ਪ੍ਰਸ਼ਨ-ਪੱਤਰ ਦੇ ਪੈਕਟਾਂ ਦੀਆਂ ਸੀਲਾਂ ਸਬੰਧਤ ਕਰਮਚਾਰੀ ਦੀ ਹਾਜ਼ਰੀ ਵਿੱਚ ਚੈੱਕ ਕੀਤੀਆਂ ਜਾਣ। ਜੇਕਰ ਕੋਈ ਸੀਲ ਟੁੱਟੀ ਜਾਂ ਪ੍ਰਸ਼ਨ ਪੱਤਰਾਂ ਦੀ ਘਾਟ ਹੋਵੇ ਤਾਂ ਤੁਰੰਤ ਦਫ਼ਤਰ ਵਲੋਂ ਭੇਜੇ ਗਏ ਕਰਮਚਾਰੀ/ਅਧਿਕਾਰੀ ਦੇ ਧਿਆਨ ਵਿੱਚ ਲਿਆਂਦਾ ਜਾਵੇ। ਕੇਂਦਰ ਸੁਪਰਡੈਂਟ ਦਾ ਪੈਕਟ ਵੀ ਪ੍ਰਾਪਤ ਕਰਕੇ ਸਬੰਧਿਤ ਕੇਂਦਰ ਸੁਪਰਡੈਂਟ ਨੂੰ ਸੌਂਪ ਦਿੱਤਾ ਜਾਵੇ।
20. ਜ਼ਿਲ੍ਹਾ ਪ੍ਰਸ਼ਾਸਨ ਨਾਲ ਸੰਪਰਕ ਕਰਕੇ ਪਰੀਖਿਆ ਕੇਂਦਰ ਦੁਆਲੇ ਦਫਾ-144 CRPC ਲਾਗੂ ਕਰਵਾਉਣ/ ਬਾਹਰੀ ਦਖਲ-ਅੰਦਾਜੀ ਰੋਕਣ ਅਤੇ ਟ੍ਰੈਫਿਕ ਜਾਮ ਵਰਗੀ ਸਥਿਤੀ ਨਾਲ ਨਿਪਟਣ ਲਈ ਪੁਲਿਸ ਕਰਮਚਾਰੀਆਂ ਦੀ ਡਿਊਟੀ ਲਗਾਈ ਜਾਵੇ ਪਰੰਤੂ ਪੁਲਿਸ ਕਰਮਚਾਰੀਆਂ ਅਤੇ ਹੋਰ ਕਿਸੇ ਵੀ ਅਧਿਆਪਕ ਜਿਸ ਦੀ ਕੇਂਦਰ ਵਿੱਚ ਡਿਊਟੀ ਨਹੀਂ ਹੈ ਨੂੰ ਪਰੀਖਿਆ ਕੇਂਦਰ ਦੇ ਅੰਦਰ ਦਾਖਲ ਹੋਣ ਦੀ ਆਗਿਆ ਨਹੀਂ ਹੈ।
21. ਇਹਨਾਂ ਪਰੀਖਿਆਵਾਂ ਲਈ ਕੇਂਦਰ ਸੁਪਰਡੈਂਟ ਬੋਰਡ ਦਫਤਰ ਵੱਲੋਂ ਤਾਇਨਾਤ ਕੀਤਾ ਜਾਵੇਗਾ।
22. ਡਿਪਟੀ ਸੁਪਰਡੈਂਟ ਅਤੇ ਨਿਗਰਾਨ ਅਮਲਾ ਜਿਲ੍ਹਾ ਸਿੱਖਿਆ ਅਫਸਰ ਵੱਲੋਂ ਤਾਇਨਾਤ ਕੀਤਾ ਜਾਣਾ। ਸਹਾਇਕ ਸੁਪਰਡੈਂਟ ਅਤੇ ਦਰਜਾ-4 ਸਬੰਧਤ ਸਕੂਲ ਦੇ ਹੋਣਗੇ। ਡਿਪਟੀ ਕੰਟਰੋਲਰ (ਵਿਜੀਲੈਂਸ) ਦੂਸਰੇ ਸਕੂਲ ਦਾ ਤਾਇਨਾਤ ਕੀਤਾ ਗਿਆ ਹੈ। ਡਿਪਟੀ ਕੰਟਰੋਲਰ (ਵਿਜੀਲੈਂਸ) ਆਪਣੀ ਵੱਖਰੀ ਪਹਿਚਾਣ ਲਈ ਨੇਮ ਪਲੇਟ/ਆਈ ਕਾਰਡ ਲਗਾਉਣਾ ਜਰੂਰੀ ਹੈ।
23. ਨਿਗਰਾਨ ਅਮਲੇ ਦੀ ਹਾਜਰੀ ਪਰੀਖਿਆ ਵਾਲੇ ਦਿਨ ਸਕੂਲ Login ID ਤੇ ਅਪਲੋਡ ਕਰਨਾ ਯਕੀਨੀ ਬਣਾਇਆ ਜਾਵੇ।
24. ਕੇਂਦਰ ਕੰਟਰੋਲਰ ਪਰੀਖਿਆ ਕੇਂਦਰ ਦੇ ਆਲੇ ਦੁਆਲੇ ਸਕਿਓਰਿਟੀ ਦਾ ਪ੍ਰਬੰਧ ਕਰਨਗੇ।
25. ਸੁਪਰਡੈਂਟ ਨੂੰ ਮਿਹਨਤਾਨੇ ਦੀ ਅਦਾਇਗੀ ਕੀਤੀ ਜਾਵੇਗੀ। ਡਿਪਟੀ ਸੁਪਰਡੈਂਟ/ਸਹਾਇਕ ਸੁਪਰਡੈਂਟ/ਅਤੇ ਡਿਪਟੀ ਕੰਟਰੋਲਰ (ਵਿਜੀਲੈਂਸ) ਅਤੇ ਨਿਗਰਾਨ ਅਮਲੇ ਨੂੰ ਕੋਈ ਅਦਾਇਗੀ ਨਹੀਂ ਕੀਤੀ ਜਾਵੇਗੀ।
26. ਸਿੰਗਲ ਬੈਂਚ ਤੇ ਸਿੰਗਲ ਪ੍ਰੀਖਿਆਰਥੀ ਬਿਠਾਇਆ ਜਾਵੇ।
28. ਪਰੀਖਿਆ ਕੇਂਦਰ ਦੇ ਬਾਹਰ ਸ਼ਾਂਤੀ/ ਅਨੁਸ਼ਾਸਨ ਕਾਇਮ ਰੱਖਣ ਲਈ ਕੇਂਦਰ ਕੰਟਰੋਲਰ ਦੀ ਸਹਾਇਤਾ ਲਈ ਡਿਪਟੀ ਕੰਟਰੋਲਰ (ਵਿਜੀਲੈਂਸ) ਵੀ ਨਿਯੁਕਤ ਕੀਤਾ ਜਾਵੇਗਾ।
29. ਕੇਂਦਰ ਸੁਪਰਡੈਂਟ ਦੇ ਮਿਹਨਤਾਨੇ ਦੀ ਅਦਾਇਗੀ ਸਿੱਧੇ ਤੌਰ ਤੇ ਬੈਂਕ ਖਾਤੇ ਵਿੱਚ ਕੀਤੀ ਜਾਣੀ ਹੈ। ਇਸ ਲਈ ਬਿੱਲ ਤਿਆਰ ਕਰਦੇ ਸਮੇਂ ਡਿਊਟੀ ਤੇ ਤਾਇਨਾਤ ਸੁਪਰਡੈਂਟ ਦਾ ਬੈਂਕ ਖਾਤਾ ਨੰਬਰ,ਬੈਂਕ ਦਾ ਨਾਂ ਅਤੇ IFSC ਕੋਡ ਜ਼ਰੂਰ ਦਰਜ ਕੀਤਾ ਜਾਵੇ, ਉਪਰੰਤ ਇਹ ਬਿਲ ਜਿਲ੍ਹੇ ਦੇ ਜਿਲ੍ਹਾ ਮੈਨੇਜਰ, ਖੇਤਰੀ ਦਫਤਰ, ਪੰਜਾਬ ਸਕੂਲ ਸਿੱਖਿਆ ਬੋਰਡ ਪਾਸ ਜਮ੍ਹਾਂ ਕਰਵਾਏ ਜਾਣ।

30. ਪਰੀਖਿਆ ਸ਼ੁਰੂ ਹੋਣ ਤੋਂ ਇੱਕ ਦਿਨ ਪਹਿਲਾਂ ਬਿਜਲੀ, ਪਾਣੀ ਅਤੇ ਫਰਨੀਚਰ ਆਦਿ ਦਾ ਪ੍ਰਬੰਧ ਕਰ ਲਿਆ ਜਾਵੇ।

31. ਨਵੀਆਂ ਹਦਾਇਤਾਂ ਅਤੇ ਪਰੀਖਿਆਵਾਂ ਸਬੰਧੀ ਹਰ ਰੋਜ ਪੰਜਾਬ ਸਕੂਲ ਸਿੱਖਿਆ ਬੋਰਡ ਦੀ ਵੈਬਸਾਈਟ www.pseb.ac.In ਚੈੱਕ ਕੀਤੀ ਜਾਵੇ।

32. ਪਰੀਖਿਆ ਕੇਂਦਰ ਦੇ ਅੰਦਰ ਅਤੇ ਬਾਹਰ ਪਰੀਖਿਆਰਥੀਆਂ ਦੀ ਭੀੜ ਨਾ ਹੋਣ ਦਿੱਤੀ ਜਾਵੇ। ਪਰੀਖਿਆ ਖਤਮ ਹੋਣ ਤੋਂ ਤੁਰੰਤ ਬਾਅਦ ਪਰੀਖਿਆਰਥੀਆਂ ਨੂੰ ਪਰੀਖਿਆ ਕੇਂਦਰ ਤੋਂ ਬਾਹਰ ਭੇਜ ਦਿੱਤਾ ਜਾਵੇ।

19/5/22

ਸਹਾਇਕ ਸਕੱਤਰ(ਕ.ਸ)
ਪੰਜਾਬ ਸਕੂਲ ਸਿੱਖਿਆ ਅਫਸਰ